**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 11-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਉੱਤਰ ਪ੍ਰਦੇਸ਼ ਦੇ ਵਾਰਾਣਸੀ ਸਥਿਤ ਮੇਹਦੀਗੰਜ ਵਿਚ ਇਕ ਜਨਤਕ ਸਭਾ ਨੂੰ ਸੰਬੋਧਨ ਕਰਨਗੇ। ਇਸ ਮੌਕੇ ਉਹ 3,884 ਕਰੋੜ ਰੁਪਏ ਤੋਂ ਵੱਧ ਦੇ 44 ਪ੍ਰਾਜੈਕਟਾਂ ਦਾ ਉਦਘਾਟਨ ਕਰਨ ਤੋਂ ਇਲਾਵਾ ਨੀਂਹ ਪੱਥਰ ਵੀ ਰੱਖਣਗੇ। ਇਨ੍ਹਾਂ ਵਿਚ ਸੜਕਾਂ, ਬਿਜਲੀ, ਸਿੱਖਿਆ ਅਤੇ ਸੈਰ-ਸਪਾਟਾ ਨਾਲ ਸਬੰਧਤ ਕਈ ਵਿਕਾਸ ਪ੍ਰੋਜੈਕਟ ਸ਼ਾਮਲ ਹਨ। ਰਾਜਪਾਲ ਅਨੰਦੀਬੇਨ ਪਟੇਲ ਅਤੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਇਸ ਮੌਕੇ ਹਾਜ਼ਰ ਰਹਿਣਗੇ।

---------------------------------------------------------------

26/11 ਮੁੰਬਈ ਦਹਿਸ਼ਤਗਰਦ ਹਮਲੇ ਦੇ ਮੁਖ ਸਾਜਿਸ਼ਕਾਰ ਤਹੱਵੁਰ ਹੁਸੈਨ ਰਾਣਾ ਨੂੰ ਅਮਰੀਕਾ ਤੋਂ ਹਵਾਲਗੀ ਤੋਂ ਬਾਅਦ ਕੱਲ੍ਹ ਸ਼ਾਮ ਨਵੀਂ ਦਿੱਲੀ ਪਹੁੰਚਣ ਤੋਂ ਤੁਰੰਤ ਬਾਅਦ ਰਾਸ਼ਟਰੀ ਜਾਂਚ ਏਜੰਸੀ (NIA) ਨੇ

ਰਸਮੀ ਤੌਰ 'ਤੇ ਗ੍ਰਿਫਤਾਰ ਕਰ ਲਿਆ । ਰਾਸ਼ਟਰੀ ਸੁਰੱਖਿਆ ਗਾਰਡ-NSG ਅਤੇ NIA ਦੇ ਸੀਨੀਅਰ ਅਧਿਕਾਰੀਆਂ ਦੀ ਇਕ ਟੀਮ ਲਾਸ ਏਂਜਲਸ ਤੋਂ ਵਿਸ਼ੇਸ਼ ਜਹਾਜ਼ ਰਾਹੀਂ ਰਾਣਾ ਨਾਲ ਨਵੀਂ ਦਿੱਲੀ ਪਹੁੰਚੀ। NIA ਦੀ ਜਾਂਚ ਟੀਮ ਨੇ ਹਵਾਈ ਅੱਡੇ 'ਤੇ ਸਾਰੀਆਂ ਜ਼ਰੂਰੀ ਕਾਨੂੰਨੀ ਰਸਮਾਂ ਪੂਰੀਆਂ ਕਰਨ ਤੋਂ ਬਾਅਦ, ਜਹਾਜ਼ ਤੋਂ ਉਤਰਦੇ ਹੀ ਪਾਕਿਸਤਾਨੀ ਮੂਲ ਦੇ ਕੈਨੇਡੀਅਨ ਨਾਗਰਿਕ ਰਾਣਾ ਨੂੰ ਗ੍ਰਿਫਤਾਰ ਕਰ ਲਿਆ। ਉਹ ਮੁੱਖ ਤੌਰ 'ਤੇ ਅਮਰੀਕਾ ਦੇ ਸ਼ਿਕਾਗੋ ਵਿਚ ਰਹਿੰਦਾ ਏ । ਰਾਣਾ ਦੀ ਡਾਕਟਰੀ ਜਾਂਚ ਪੂਰੀ ਕਰਨ ਤੋਂ ਬਾਅਦ, ਉਸ ਨੂੰ ਕੱਲ੍ਹ ਰਾਤ ਪਟਿਆਲਾ ਹਾਊਸ ਕੋਰਟ ਵਿਚ ਵਿਸ਼ੇਸ਼ NIA ਜੱਜ ਦੇ ਸਾਹਮਣੇ ਪੇਸ਼ ਕੀਤਾ ਗਿਆ ਜਿੱਥੋਂ ਰਾਣਾ ਨੂੰ 18 ਦਿਨਾਂ ਦੀ ਹਿਰਾਸਤ ਵਿਚ ਭੇਜ ਦਿੱਤਾ ਗਿਆ।

-----------------------------------------------------

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ, ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਦੋ “Special Striking Squads” ਦਾ ਗਠਨ ਕੀਤਾ ਏ। ਮੁਕਤਸਰ ਸਾਹਿਬ ਦੇ ਐੱਸਐੱਸਪੀ ਡਾ. ਅਖਿਲ ਚੌਧਰੀ ਨੇ ਦੋਵਾਂ ਵਾਹਨਾਂ ਨੂੰ ਹਰੀ

ਝੰਡੀ ਦੇ ਕੇ ਮੁਹਿੰਮ ਦੀ ਰਸਮੀ ਸ਼ੁਰੂਆਤ ਕੀਤੀ। ਇਨ੍ਹਾਂ ਵਾਹਨਾਂ ਵਿਚ ਕੈਮਰੇ, ਜੀ.ਪੀ.ਐਸ. ਸਿਸਟਮ ਤੇ ਤੁਰੰਤ ਕਾਰਵਾਈ ਲਈ ਲੋੜੀਂਦਾ ਸਾਜੋ-ਸਮਾਨ ਲਗਾਇਆ ਗਿਆ ਏ।

**Byte**

ਐੱਸਐੱਸਪੀ ਨੇ ਦੱਸਿਆ ਕਿ ਜੇਕਰ ਇਲਾਕੇ ਦੇ ਕਿਸੇ ਵਸਨੀਕ ਨੇ ਨਸ਼ਿਆਂ ਦੀ ਤਸਕਰੀ ਸਬੰਧੀ ਜਾਣਕਾਰੀ ਦੇਣੀ ਹੋਵੇ ਤਾਂ ਉਹ ਮੋਬਾਈਲ ਨੰਬਰ **80545-03030** ਉੱਤੇ ਇਤਲਾਹ ਦੇ ਸਕਦਾ ਏ। ਦੋ ਟੀਮਾਂ ਵਿੱਚੋਂ ਇਕ ਟੀਮ **ਸ੍ਰੀ ਮੁਕਤਸਰ ਸਾਹਿਬ ਅਤੇ ਗਿੱਦੜਬਾਹਾ ਸਬ-ਡਵੀਜ਼ਨ ਵਿਚ** ਜਦਕਿ ਦੂਜੀ ਟੀਮ **ਮਲੋਟ ਤੇ ਲੰਬੀ ਸਬ-ਡਵੀਜ਼ਨ ਵਿਚ** ਕੰਮ ਕਰੇਗੀ।

---------------------------------------------------------------

ਪਠਾਨਕੋਟ ਜਿਲੇ ਵਿਚ ਨਰੋਟ ਜੈਮਲ ਸਿੰਘ ਦੇ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀ **ਬੀ.ਡੀ.ਪੀ.ਓ. ਦਿਲਬਾਗ ਸਿੰਘ** ਨੂੰ ਮੁਅੱਤਲ ਕਰ ਦਿੱਤਾ ਗਿਆ ਏ। ਇਸ ਬੀ.ਡੀ.ਪੀ.ਓ. 'ਤੇ ਲੰਬੇ ਸਮੇਂ ਤੋਂ ਗੈਰ-ਹਾਜ਼ਰ ਰਹਿਣ ਦਾ ਦੋਸ਼ ਏ ਅਤੇ ਇਸ ਸਬੰਧੀ ਕਈ ਸ਼ਿਕਾਇਤਾਂ ਮਿਲ

ਰਹੀਆਂ ਹਨ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਬੀ.ਡੀ.ਪੀ.ਓ. ਉੱਤੇ ਹੋਈ ਕਾਰਵਾਈ ਬਾਰੇ ਦੱਸਿਆ ਕਿ ਇਸ ਇਸ ਅਧਿਕਾਰੀ ਵਿਰੁੱਧ ਪੰਚਾਇਤਾਂ ਨੇ ਭ੍ਰਿਸ਼ਟਾਚਾਰ ਸਬੰਧੀ ਸ਼ਿਕਾਇਤਾਂ ਦਿੱਤੀਆਂ ਸਨ, ਜਿਸ ਦੀ ਰਿਪੋਰਟ ਤਿਆਰ ਕਰ ਕੇ ਸਰਕਾਰ ਨੂੰ ਭੇਜੀ ਗਈ ਸੀ, ਇਸ ਤੋਂ ਬਾਅਦ ਬੀ.ਡੀ.ਪੀ.ਓ. ਨੂੰ ਮੁਅੱਤਲ ਕਰ ਦਿੱਤਾ ਗਿਆ।

-------------------------------------------------------------

ਪਿੰਡਾਂ ਦੇ ਲੋਕਾਂ ਨੂੰ ਰੁਜ਼ਗਾਰ ਦੇਣ ਲਈ ਕੇਂਦਰ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ **ਮਨਰੇਗਾ ਯੋਜਨਾ ਤਹਿਤ** ਮੋਹਾਲੀ ਜ਼ਿਲ੍ਹੇ ਦੇ ਪਿੰਡ ਰਾਏਪੁਰ ਕਲਾਂ ਦੀਆਂ ਔਰਤਾਂ ਨੇ ਪਿੰਡ ਵਿਚ ਤਲਾਅ ਦੇ ਨਦੀਨਾਂ ਦੀ ਸਫਾਈ ਦਾ ਕੰਮ ਸ਼ੁਰੂ ਕਰ ਦਿੱਤਾ ਏ। ਇਨਾ ਔਰਤਾਂ ਨੇ ਆਪਣੇ ਪਿੰਡ ਵਿਚ ਰੁਜ਼ਗਾਰ ਮੁਹੱਈਆ ਕਰਵਾਉਣ ਅਤੇ ਮਿਹਨਤਾਨੇ ਵਿਚ 24 ਰੁਪਏ ਦਾ ਵਾਧਾ ਕਰਨ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ ਏ।

**Byte**

ਮਨਰੇਗਾ ਮਜ਼ਦੂਰ ਔਰਤਾਂ ਨੇ ਮੰਗ ਕੀਤੀ ਏ ਕਿ ਕੰਮ-ਕਾਜੀ ਦਿਨਾਂ ਦੀ ਗਿਣਤੀ 200 ਦਿਨਾਂ ਤੱਕ ਵਧਾਈ ਜਾਵੇ।

----------------------------------------------------

ਅੰਮ੍ਰਿਤਸਰ ਬਾਰਡਰ ਰੇਂਜ ਦੀ ਐਂਟੀ ਨਾਰਕੋਟਿਕਸ ਟਾਸਕ ਫੋਰਸ ਨੇ ਅੱਜ ਹੀਰਾ ਸਿੰਘ ਨਾਂ ਦੇ ਇਕ ਨਸ਼ਾ ਤਸਕਰ ਨੂੰ 18 ਕਿੱਲੋ ਤੋਂ ਵੱਧ ਹੈਰੋਇਨ ਨਾਲ ਗ੍ਰਿਫ਼ਤਾਰ ਕੀਤਾ ਏ। ਛਾਣਬੀਣ ਵਿਚ ਇਹ ਪਤਾ ਲੱਗਾ ਏ ਕਿ ਹੀਰਾ ਸਿੰਘ ਤੇ ਉਸ ਦਾ ਸਾਥੀ ਕੁਲਵਿੰਦਰ ਸਿੰਘ, ਪਾਕਿਸਤਾਨ ਅਧਾਰਤ ਤਿੰਨ ਨਸ਼ਾ ਤਸਕਰ ਨਾਲ ਰਲੇ ਹੋਏ ਸਨ ਅਤੇ ਸਰਹੱਦ ਪਾਰ ਤੋਂ ਹੈਰੋਇਨ ਦੀ ਤਸਕਰੀ ਕਰ ਕੇ ਅੱਗੇ ਪਹੁੰਚਾਉਂਦੇ ਸਨ। ਕੁਲਵਿੰਦਰ ਨੂੰ ਗ੍ਰਿਫਤਾਰ ਕਰਨ ਲਈ ਪੁਲਿਸ ਨੇ ਵੱਖ-ਵੱਖ ਥਾਵਾਂ ਤੇ ਛਾਪੇਮਾਰੀ ਸ਼ੁਰੂ ਕਰ ਦਿੱਤੀ ਏ।

----------------------------------------------------

ਪੰਜਾਬ ਵਿਚ ਪਿਛਲੇ 24 ਘੰਟਿਆਂ ਵਿਚ ਤਾਪਮਾਨ ਵਿਚ 0.7 ਡਿਗਰੀ ਦਾ ਵਾਧਾ ਦਰਜ ਕੀਤਾ ਗਿਆ ਏ। ਪੰਜਾਬ ਵਿਚ ਬਹੁਤੀਆਂ ਥਾਵਾਂ ਉੱਤੇ ਬੱਦਲਵਾਈ ਬਣਨ ਤੋਂ ਬਾਅਦ ਕਿਤੇ ਕਿਤੇ ਵਰਖਾ ਵੀ ਹੋਈ ਹੈ। ਮੌਸਮ

ਵਿਭਾਗ ਵੱਲੋਂ ਜਾਰੀ ਅਲਰਟ ਮੁਤਾਬਕ ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ, ਫਿਰੋਜ਼ਪੁਰ, ਕਪੂਰਥਲਾ, ਜਲੰਧਰ ਤੇ ਹੁਸ਼ਿਆਰਪੁਰ ਵਿਚ ਅੱਜ ਤੇਜ਼ ਹਵਾਵਾਂ ਚੱਲਣ ਅਤੇ ਮੀਂਹ ਪੈਣ ਦੀ ਸੰਭਾਵਨਾ ਏ।